# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

# 19:30

**ਮਿਤੀ :20-08-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਸੁਪਰੀਮ ਕੋਰਟ ਵਲੋਂ, ਜੰਤਰ – ਮੰਤਰ ਮੁਜ਼ਾਹਰਿਆਂ ‘ਚ ਪੁਲਿਸ ਅਤੇ ਸੁਰੱਖਿਆ ਮੁਲਾਜ਼ਮਾਂ ਵਲੋਂ ਜ਼ਰੂਰਤ ਤੋਂ ਜ਼ਿਆਦਾ ਤਾਕਤ ਦੀ ਵਰਤੋਂ ਅਤੇ ਪੁਲਿਸ ਮੁਲਾਜ਼ਮਾਂ ਵਿਰੁੱਧ ਹਿੰਸਾ ਦੇ ਇਲਜ਼ਾਮਾਂ ਦੀ ਜਾਂਚ ਲਈ ਪੰਜ ਮੈਂਬਰੀ ਉੱਚ-ਅਧਿਕਾਰ ਪ੍ਰਾਪਤ ਜਾਂਚ ਕਮੇਟੀ ਦਾ ਗਠਨ ਕੀਤਾ ਏ ।

- ਭਾਰਤ ਅਤੇ ਜਾਪਾਨ ਵਿਚਕਾਰ ਰੱਖਿਆ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨ ਲਈ ਸਹਿਮਤੀ । ਸਮੁੰਦਰੀ ਸੁਰੱਖਿਆ ਸਹਿਯੋਗ 'ਤੇ ਇੱਕ ਸਮਝੌਤਾ ਪੱਤਰ 'ਤੇ ਦਸਤਖਤ।

- ਸਰਕਾਰ ਨੇ ਅੱਜ ਦਿੱਲੀ ਮਾਸਟਰ ਪਲਾਨ 2047 ਜਾਰੀ ਕੀਤਾ।

- ਬੰਗਲਾਦੇਸ਼ ਨੈਸ਼ਨਲਿਸਟ ਪਾਰਟੀ (ਬੀਪੀਐਨ) ਦੇ ਸੀਨੀਅਰ ਨੇਤਾ, ਮਿਰਜ਼ਾ ਫਖਰੂਲ ਇਸਲਾਮ ਆਲਮਗੀਰ ਨੂੰ ਅੱਜ ਦੇਸ਼ ਦਾ 23ਵਾਂ ਰਾਸ਼ਟਰਪਤੀ ਚੁਣਿਆ ਗਿਆ.

- UIDAI ਦੇ ਆਧਾਰ ਐਪ ਨੇ 5 ਕਰੋੜ ਡਾਊਨਲੋਡ ਦੇ ਅੰਕੜੇ ਨੂੰ ਪਾਰ ਕੀਤਾ।

***ਹੁਣ ਖਬਰਾਂ ਵਿਸਥਾਰ ਨਾਲ***

ਸੁਪਰੀਮ ਕੋਰਟ ਨੇ ਹਾਲ ਹੀ ਵਿੱਚ ਦਿੱਲੀ ਵਿੱਚ ਮੁਜ਼ਾਹਰਾ ਕਾਰੀ ਵਿਦਿਆਰਥੀਆਂ ਵਿਰੁੱਧ ਪੁਲਿਸ ਅਤੇ ਸੁਰੱਖਿਆ ਮੁਲਾਜ਼ਮਾਂ ਵਲੋਂ ਜ਼ਰੂਰਤ ਤੋਂ ਜ਼ਿਆਦਾ ਤਾਕਤ ਦੀ ਵਰਤੋਂ ਅਤੇ ਪੁਲਿਸ ਮੁਲਾਜ਼ਮਾਂ ਵਿਰੁੱਧ ਹਿੰਸਾ ਦੇ ਦੋਸ਼ਾਂ ਦੀ ਜਾਂਚ ਲਈ ਸਾਬਕਾ ਜੱਜ, ਜਸਟਿਸ ਆਰ. ਸੁਭਾਸ਼ ਰੇੱਡੀ ਦੀ ਅਗਵਾਈ ਵਿੱਚ ਪੰਜ ਮੈਂਬਰੀ ਉੱਚ-ਅਧਿਕਾਰ ਪ੍ਰਾਪਤ ਜਾਂਚ ਕਮੇਟੀ ਦਾ ਗਠਨ ਕੀਤਾ ਏ । ਚੀਫ਼ ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਜੋਇ ਮਾਲਯ  ਬਾਗਚੀ ਅਤੇ ਵੀ. ਮੋਹਨਾ ਦੀ ਬੈਂਚ ਨੇ ਕਿਹਾ ਕਿ ਕਮੇਟੀ ਵਿੱਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਸਾਬਕਾ ਮੁੱਖ ਜੱਜ, ਜਸਟਿਸ ਰਵੀ ਸ਼ੰਕਰ ਝਾਅ, ਦਿੱਲੀ ਹਾਈ ਕੋਰਟ ਦੇ ਸਾਬਕਾ ਜੱਜ, ਜਸਟਿਸ ਸ਼ਲਿੰਦਰ ਕੌਰ, ਸੀਬੀਆਈ ਦੇ ਸਾਬਕਾ ਡਾਇਰੈਕਟਰ ਰਿਸ਼ੀ ਕੁਮਾਰ ਸ਼ੁਕਲਾ ਅਤੇ ਮੇਘਾਲਿਆ ਦੇ ਸੇਵਾਮੁਕਤ ਡੀਜੀਪੀ ਐਲ.ਆਰ. ਬਿਸ਼ਨੋਈ ਵੀ ਸ਼ਾਮਲ ਹੋਣਗੇ। ਸੁਪਰੀਮ ਕੋਰਟ ਨੇ ਸਪੱਸ਼ਟ ਕੀਤਾ ਕਿ, ਬਹੁਤ ਜ਼ਿਆਦਾ ਸਾਵਧਾਨੀ ਦੇ ਕਾਰਨ, ਉੱਚ-ਅਧਿਕਾਰ ਪ੍ਰਾਪਤ ਜਾਂਚ ਕਮੇਟੀ ਦੀ ਜਾਂਚ ਇੱਕ ਵਾਰ ਦੀ ਪ੍ਰਕਿਰਿਆ ਨਹੀਂ ਹੋਵੇਗੀ।

ਅਦਾਲਤ ਨੇ ਕਮੇਟੀ ਨੂੰ  ਕਿਹਾ ਏ ਕਿ ਓਹ ਮੁੱਦਿਆ ਦਾ ਲਗਾਤਾਰ ਅਤੇ ਸਮੇਂ – ਸਮੇਂ ਤੇ ਜਾਇਜ਼ਾ ਲਏ ਅਤੇ ਆਪਸੀ ਅੰਤਰਿਮ ਰਿਪੋਰਟ ਸਮੇਂ – ਸਮੇਂ ‘ਤੇ ਸੌਂਪੇ | ਸੁਪਰੀਮ ਕੋਰਟ ਨੇ ਸੁਝਾਅ ਦਿੱਤਾ ਕਿ ਉੱਚ-ਅਧਿਕਾਰ ਪ੍ਰਾਪਤ ਜਾਂਚ ਕਮੇਟੀ ਕੁਝ ਮੁੱਦਿਆਂ ਨੂੰ ਤਰਜੀਹ ਦੇਵੇ, ਜਿਨ੍ਹਾਂ ਵਿੱਚੋਂ ਸਭ ਤੋਂ ਅਹਿਮ ਔਰਤ ਮੁਜ਼ਾਹਰਾਕਾਰੀਆਂ ਵਿਰੁੱਧ ਨਿਸ਼ਾਨਾ ਲਾ ਕੇ ਕੀਤੀ ਹਿੰਸਾ, ਪਰੇਸ਼ਾਨ ਕਰਨ ਅਤੇ ਛੇੜਛਾੜ ਦੀਆਂ ਕਥਿਤ ਘਟਨਾਵਾਂ ਨਾਲ ਸੰਬੰਧਿਤ ਏ | 20 ਜੁਲਾਈ ਨੂੰ ਦਿੱਲੀ ਵਿੱਚ ਕਾਕਰੋਚ ਜਨਤਾ ਪਾਰਟੀ ਦੀ ਅਗਵਾਈ ਵਿੱਚ ਕਥਿਤ ਪ੍ਰੀਖਿਆ ਪੇਪਰ ਲੀਕ ਹੋਣ ਦੀ ਘਟਨਾ ਨੂੰ ਲੈ ਕੇ ਸੰਸਦ ਵੱਲ ਮਾਰਚ ਦੌਰਾਨ ਹਿੰਸਕ ਝੜਪਾਂ ਹੋਈਆਂ ਸਨ. ਭੀੜ ਵਲੋਂ ਬੈਰੀਕੇਡਾਂ ਨੂੰ ਤੋੜਨ ਕਾਰਨ ਮੁਜ਼ਾਹਰਾ - ਕਾਰੀ ਅਤੇ ਸੁਰੱਖਿਆ ਮੁਲਾਜ਼ਮ ਦੋਵੇਂ ਜ਼ਖਮੀ ਹੋ ਗਏ।

---

ਝਾਰਖੰਡ ਹਾਈ ਕੋਰਟ ਨੇ ਅੱਜ 11ਵੀਂ ਅਤੇ 13ਵੀਂ ਜੇ.ਪੀ.ਐਸ.ਸੀ ਸਿਵਲ ਸੇਵਾਵਾਂ ਪ੍ਰੀਖਿਆਵਾਂ ਅਤੇ ਫੂਡ ਸੇਫਟੀ ਅਫਸਰ ਭਰਤੀ ਰਾਹੀਂ ਕੀਤੀਆਂ ਗਈਆਂ ਨਿਯੁਕਤੀਆਂ ਨੂੰ ਰੱਦ ਕਰਨ ਦੇ ਰਾਜ ਸਰਕਾਰ ਦੇ ਫੈਸਲੇ 'ਤੇ ਅਗਲੇ ਹੁਕਮਾਂ ਤੱਕ ਰੋਕ ਲਗਾ ਦਿੱਤੀ। ਜਸਟਿਸ ਦੀਪਕ ਰੋਸ਼ਨ ਨੇ ਮੰਗਲਵਾਰ ਨੂੰ ਪ੍ਰੀਖਿਆਵਾਂ ਅਤੇ ਨਿਯੁਕਤੀਆਂ ਨੂੰ ਰੱਦ ਕਰਨ ਦੇ ਐਲਾਨ ਕਰਨ ਵਾਲੇ ਸਰਕਾਰ ਦੇ ਨੋਟੀਫਿਕੇਸ਼ਨ ਨੂੰ ਚੁਣੌਤੀ ਦੇਣ ਵਾਲੀਆਂ ਤਿੰਨ ਵੱਖ-ਵੱਖ ਪਟੀਸ਼ਨਾਂ 'ਤੇ ਸੁਣਵਾਈ ਕਰਦੇ ਹੋਏ ਇਹ ਹੁਕਮ ਜਾਰੀ ਕੀਤਾ। ਅਦਾਲਤ ਨੇ ਨਿਰਦੇਸ਼ ਦਿੱਤਾ ਕਿ ਚੁਣੇ ਗਏ ਉਮੀਦਵਾਰਾਂ ਨੂੰ ਬਹਾਲ ਕੀਤਾ ਜਾਵੇ। ਇਸ ਵਿੱਚ ਕਿਹਾ ਗਿਆ ਏ ਕਿ ਉਨ੍ਹਾਂ ਨੂੰ ਉਚਿਤ ਪ੍ਰਕਿਰਿਆ

ਅਤੇ ਕੁਦਰਤੀ ਨਿਆਂ ਦੇ ਸਿਧਾਂਤਾਂ ਦੀ ਪਾਲਣਾ ਕੀਤੇ ਬਿਨਾਂ ਹਟਾਇਆ ਨਹੀਂ ਜਾ ਸਕਦਾ। ਅਗਲੀ ਸੁਣਵਾਈ 15 ਸਤੰਬਰ ਨੂੰ ਹੋਏਗੀ |

----------------------------------------------------

ਭਾਰਤ ਅਤੇ ਜਾਪਾਨ ਦੇ ਰੱਖਿਆ ਮੰਤਰੀਆਂ ਨੇ ਅੱਜ ਨਵੀਂ ਦਿੱਲੀ ਵਿੱਚ ਮੁਲਾਕਾਤ ਕੀਤੀ । ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਜਾਪਾਨ ਦੇ ਰੱਖਿਆ ਮੰਤਰੀ ਸ਼ਿੰਜੀਰੋ ਕੋਇਜ਼ੁਮੀ ਨੇ ਮੀਟਿੰਗ ਦੀ ਸਹਿ-ਪ੍ਰਧਾਨਗੀ ਕੀਤੀ। ਸਮੁੰਦਰੀ ਸੁਰੱਖਿਆ ਨੂੰ ਮਜ਼ਬੂਤ ਕਰਨ, "ਮੇਕ ਇਨ ਇੰਡੀਆ" ਪਹਿਲਕਦਮੀ ਤਹਿਤ ਰੱਖਿਆ ਤਕਨਾਲੋਜੀ ਨੂੰ ਉਤਸ਼ਾਹਿਤ ਕਰਨ ਅਤੇ ਰਣਨੀਤਕ ਵਿਸ਼ਵਾਸ ਵਧਾਉਣ 'ਤੇ ਚਰਚਾ ਕੀਤੀ ਗਈ। ਦੋਵਾਂ ਮੰਤਰੀਆਂ ਨੇ ਸਮੁੰਦਰੀ ਸੁਰੱਖਿਆ ਸਹਿਯੋਗ 'ਤੇ ਇੱਕ ਸਮਝੌਤਾ ਪੱਤਰ 'ਤੇ ਦਸਤਖਤ ਕੀਤੇ। ਇਸ ਤੋਂ ਪਹਿਲਾਂ, ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਸ਼੍ਰੀ ਕੋਇਜ਼ੁਮੀ ਅਤੇ ਉਨ੍ਹਾਂ ਦੇ ਵਫ਼ਦ ਦਾ ਭਾਰਤ ਵਿੱਚ ਸਵਾਗਤ ਕੀਤਾ। ਉਨ੍ਹਾਂ ਨੇ ਜਾਪਾਨ ਦੇ ਕੁਮਾਮੋਟੋ ਖੇਤਰ ਵਿੱਚ ਆਏ ਵਿਨਾਸ਼ਕਾਰੀ ਭੂਚਾਲ ਤੋਂ ਬਾਅਦ ਭਾਰਤ ਵਲੋਂ ਸੰਵੇਦਨਾ ਅਤੇ ਏਕਤਾ ਪ੍ਰਗਟ ਕੀਤੀ।

byte - RAJNATH-BILATERAL-RELATION- 30 sec

ਸ਼੍ਰੀ ਸਿੰਘ ਨੇ ਕਿਹਾ, ਭਾਰਤ ਅਤੇ ਜਾਪਾਨ ਦੀ, ਏਸ਼ੀਆ ਦੇ ਦੋ ਪ੍ਰਮੁੱਖ ਲੋਕਤੰਤਰਾਂ ਦੇ ਰੂਪ ਵਿੱਚ, ਸ਼ਾਂਤੀ, ਸਥਿਰਤਾ ਅਤੇ ਖੁਸ਼ਹਾਲੀ ਨੂੰ ਯਕੀਨੀ ਬਣਾਉਣ ਦੀ ਇੱਕ ਮਹੱਤਵਪੂਰਨ ਜ਼ਿੰਮੇਵਾਰੀ ਏ -

byte - RAJNATH-MARITIME-LIFELINE- 33 sec

ਸ਼੍ਰੀ ਕੋਇਜ਼ੁਮੀ ਨੇ ਕੁਮਾਮੋਟੋ ਵਿੱਚ ਭੂਚਾਲ ਤੋਂ ਪ੍ਰਭਾਵਿਤ ਲੋਕਾਂ ਪ੍ਰਤੀ ਭਾਰਤ ਦੀ ਸੰਵੇਦਨਾ ਲਈ ਧੰਨਵਾਦ ਪ੍ਰਗਟ ਕੀਤਾ। ਦੋਵੇਂ ਨੇਤਾ ਸਮੁੰਦਰੀ ਸੰਚਾਰ ਮਾਰਗਾਂ ਦੀ ਰੱਖਿਆ ਲਈ ਦੋਵਾਂ ਦੇਸ਼ਾਂ ਵਿਚਕਾਰ ਤਾਲਮੇਲ ਨੂੰ ਮਜ਼ਬੂਤ ਕਰਨ 'ਤੇ ਸਹਿਮਤ ਹੋਏ।

---------------------------------------------------------------

ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਅੱਜ ਉੱਤਰਾਖੰਡ ਦੇ ਮਸੂਰੀ ਵਿਖੇ ਲਾਲ ਬਹਾਦੁਰ ਸ਼ਾਸਤਰੀ ਰਾਸ਼ਟਰੀ ਪ੍ਰਸ਼ਾਸਨ ਅਕਾਦਮੀ ਵਿਖੇ 2024 ਬੈਚ ਦੇ IAS ਸਿਖਿਆਰਥੀ ਅਧਿਕਾਰੀਆਂ ਲਈ ਸਿਖਲਾਈ ਦੇ ਦੂਜੇ ਪੜਾਅ ਦੇ ਸਮਾਪਤੀ ਸਮਾਰੋਹ ਨੂੰ ਸੰਬੋਧਨ ਕੀਤਾ। ਇਸ ਮੌਕੇ 'ਤੇ, ਉਪ-ਰਾਸ਼ਟਰਪਤੀ ਨੇ ਕਿਹਾ ਕਿ ਸਿਵਲ ਸੇਵਾਵਾਂ ਨੇ ਦੇਸ਼ ਦੇ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਏ ਅਤੇ ਜ਼ਮੀਨੀ ਪੱਧਰ 'ਤੇ ਨੀਤੀਆਂ ਨੂੰ ਲਾਗੂ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਏ । ਸ਼੍ਰੀ ਰਾਧਾਕ੍ਰਿਸ਼ਨਨ ਨੇ ਕਿਹਾ ਕਿ ਸੱਚੀ ਲੀਡਰਸ਼ਿਪ ਸ਼ਕਤੀ ਜਾਂ ਅਹੁਦੇ ਵਲੋਂ ਨਹੀਂ, ਸਗੋਂ ਮੁਸ਼ਕਲ ਹਾਲਾਤ ਵਿੱਚ ਵੀ ਨੈਤਿਕਤਾ ਨਾਲ ਕੰਮ ਕਰਨ ਦੀ ਯੋਗਤਾ ਰਾਹੀਂ ਮਾਪੀ ਜਾਂਦੀ ਏ ।

---------------------------------------------------------------

ਸਰਕਾਰ ਨੇ ਅੱਜ ਦਿੱਲੀ ਮਾਸਟਰ ਪਲਾਨ 2047 ਜਾਰੀ ਕੀਤਾ। ਮਾਸਟਰ ਪਲਾਨ ਦਿੱਲੀ ਨੂੰ ਇੱਕ ਵਿਸ਼ਵ ਪੱਧਰ 'ਤੇ ਮੁਕਾਬਲੇਬਾਜ਼ੀ ਵਾਲੀ, ਚੁਗਿਰਦੇ ਪੱਖੋਂ ਲਚਕੀਲੀ ਅਤੇ ਸਮਾਵੇਸ਼ੀ ਰਾਜਧਾਨੀ ਵਿੱਚ ਬਦਲਣ ਲਈ ਲੰਮੇ ਸਮੇਂ ਦੇ ਸਥਾਨਕ, ਆਰਥਿਕ ਅਤੇ ਸੰਸਥਾਗਤ ਢਾਂਚਾ ਪ੍ਰਦਾਨ ਕਰਦਾ ਏ । ਇਹ ਆਰਥਿਕ ਗਤੀਸ਼ੀਲਤਾ, ਤਕਨੀਕੀ

ਨਵੀਨਤਾ ਅਤੇ ਰਹਿਣ-ਸਹਿਣ ਦੇ ਉੱਚ ਮਿਆਰਾਂ ਨੂੰ ਜੋੜੇਗਾ, ਜਦੋਂ ਕਿ ਇਸਦੇ ਅਮੀਰ ਇਤਿਹਾਸਕ ਅਤੇ ਸੱਭਿਆਚਾਰਕ ਵਿਰਸੇ ਨੂੰ ਸੁਰੱਖਿਅਤ ਰੱਖੇਗਾ। ਦਿੱਲੀ 2047 ਲਈ ਮਾਸਟਰ ਪਲਾਨ, ਵਿਕਸਿਤ ਭਾਰਤ 2047 ਦੇ ਦ੍ਰਿਸ਼ਟੀਕੋਣ ਨਾਲ ਜੁੜਿਆ ਹੋਇਆ ਏ, ਜਿਸਦਾ ਉਦੇਸ਼ ਰਾਸ਼ਟਰੀ ਰਾਜਧਾਨੀ ਨੂੰ ਕਰੀਬ 3.2 ਕਰੋੜ ਲੋਕਾਂ ਲਈ ਇੱਕ ਵਿਸ਼ਵ ਪੱਧਰੀ, ਸਮਾਵੇਸ਼ੀ ਅਤੇ ਆਰਥਿਕ ਤੌਰ 'ਤੇ ਜੀਵੰਤ ਸ਼ਹਿਰ ਵਿੱਚ ਬਦਲਣਾ ਏ । ਯੋਜਨਾ ਦੇ ਉਦਘਾਟਨ ਸਮਾਰੋਹ ਦੌਰਾਨ, ਕੇਂਦਰੀ ਰਿਹਾਇਸ਼ ਅਤੇ ਸ਼ਹਿਰੀ ਮਾਮਲਿਆਂ ਦੇ ਮੰਤਰੀ ਮਨੋਹਰ ਲਾਲ ਨੇ ਕਿਹਾ ਕਿ ਆਉਣ ਵਾਲੇ ਸਾਲਾਂ ਵਿੱਚ ਰਾਸ਼ਟਰੀ ਰਾਜਧਾਨੀ ਵਿੱਚ ਲਗਭਗ 30 ਤੋਂ 40 ਲੱਖ ਨਵੇਂ ਫਲੈਟ ਜੋੜੇ ਜਾਣਗੇ. ਦਿੱਲੀ ਦੇ ਮੁੱਖ ਮੰਤਰੀ ਰੇਖਾ ਗੁਪਤਾ ਨੇ ਕਿਹਾ ਕਿ, ਰਾਸ਼ਟਰੀ ਰਾਜਧਾਨੀ ਦੇ ਲੋਕ ਇਸ ਮਾਸਟਰ ਪਲਾਨ ਦੀ ਉਡੀਕ ਕਰ ਰਹੇ ਸਨ। ਸ਼੍ਰੀਮਤੀ ਗੁਪਤਾ ਨੇ ਕਿਹਾ ਕਿ, ਦਿੱਲੀ ਦੀਆਂ ਵਧਦੀਆਂ ਆਵਾਜਾਈ ਦੀਆਂ ਜ਼ਰੂਰਤਾਂ ਅਤੇ ਪ੍ਰਦੂਸ਼ਣ ਚੁਣੌਤੀਆਂ ਨੂੰ ਧਿਆਨ ਵਿੱਚ ਰੱਖਦੇ ਹੋਏ ਸ਼ਹਿਰੀ ਵਿਕਾਸ ਦੀ ਵੀ ਯੋਜਨਾ ਬਣਾਈ ਗਈ ਏ -

BYTE : REKHA GUPTA – 32 sec

-----------------------------------------------------------

31ਵੀਂ ਦੱਖਣੀ ਜ਼ੋਨਲ ਕੌਂਸਲ ਦੀ ਮੀਟਿੰਗ ਚੇਨੰਈ ਦੇ ਨੇੜੇ ਮਹਾਬਲੀਪੁਰਮ ਵਿੱਚ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਪ੍ਰਧਾਨਗੀ ਹੇਠ ਹੋਈ । ਮੁੱਖ ਮੰਤਰੀਆਂ ਅਤੇ ਸੀਨੀਅਰ ਅਧਿਕਾਰੀਆਂ ਨੇ ਖੇਤਰ ਦੀ ਤਰੱਕੀ, ਵਿਕਾਸ ਅਤੇ ਹਿੱਤਾਂ ਨਾਲ ਸਬੰਧਤ ਸਾਂਝੇ ਮੁੱਦਿਆਂ ਅਤੇ

ਤਰਜੀਹਾਂ 'ਤੇ ਚਰਚਾ ਕੀਤੀ ਅਤੇ ਵਿਚਾਰ-ਵਟਾਂਦਰਾ ਕੀਤਾ। ਮੀਟਿੰਗ ਵਿੱਚ ਸਿਹਤ ਖੇਤਰ ਦੇ ਫੰਡਿੰਗ, ਬੁਨਿਆਦੀ ਢਾਂਚੇ, ਚੁਗਿਰਦਾ ਸੁਰੱਖਿਆ ਅਤੇ ਖੇਤਰੀ ਸੁਰੱਖਿਆ ਦੇ ਮਾਮਲਿਆਂ ਵਿੱਚ ਸਹਿਕਾਰੀ ਸੰਘਵਾਦ 'ਤੇ ਜ਼ੋਰ ਦਿੱਤਾ ਗਿਆ।

---------------------------------------------------------------

ਬੰਗਲਾਦੇਸ਼ ਨੈਸ਼ਨਲਿਸਟ ਪਾਰਟੀ (ਬੀਪੀਐਨ) ਦੇ ਸੀਨੀਅਰ ਨੇਤਾ ਮਿਰਜ਼ਾ ਫਖਰੂਲ ਇਸਲਾਮ ਆਲਮਗੀਰ ਨੂੰ ਅੱਜ ਦੇਸ਼ ਦਾ 23ਵਾਂ ਰਾਸ਼ਟਰਪਤੀ ਚੁਣਿਆ ਗਿਆ. 78 ਸਾਲਾ ਨੇਤਾ ਨੇ ਦੇਸ਼ ਦੀ ਸੰਸਦ, ਜਾਤੀਆ ਸੰਸਦ ਵਿੱਚ ਹੋਈ ਰਾਸ਼ਟਰਪਤੀ ਚੋਣ ਵਿੱਚ 255 ਵੋਟਾਂ ਹਾਸਿਲ ਕੀਤੀਆਂ। ਉਨ੍ਹਾਂ ਨੇ ਸਾਬਕਾ ਫੌਜੀ ਅਧਿਕਾਰੀ, ਓਲੀ ਅਹਿਮਦ ਨੂੰ ਹਰਾਇਆ, ਜੋ ਕਿ ਸੱਜੇ-ਪੱਖੀ ਬੰਗਲਾਦੇਸ਼ ਜਮਾਤ-ਏ-ਇਸਲਾਮੀ ਅਤੇ ਦੇਸ਼ ਦੀ ਪਹਿਲੀ ਵੱਡੀ ਵਿਦਿਆਰਥੀ-ਅਗਵਾਈ ਵਾਲੀ ਸਿਆਸੀ ਪਾਰਟੀ, ਨੈਸ਼ਨਲ ਸਿਟੀਜ਼ਨਜ਼ ਪਾਰਟੀ (ਐਨ.ਸੀ.ਪੀ) ਦੀ ਅਗਵਾਈ ਵਾਲੇ 11-ਪਾਰਟੀ ਵਿਰੋਧੀ ਗਠਜੋੜ ਦੇ ਉਮੀਦਵਾਰ ਸਨ।

---------------------------------------------------------------

ਕੇਂਦਰੀ ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਮੰਤਰੀ, ਪ੍ਰਹਿਲਾਦ ਜੋਸ਼ੀ ਨੇ ਖਪਤਕਾਰ ਮਾਮਲਿਆਂ ਦੇ ਵਿਭਾਗ ਦੀ ਸਕੱਤਰ ਨਿਧੀ ਖਰੇ ਨਾਲ ਇੱਕ ਮੀਟਿੰਗ ਕੀਤੀ । ਮੀਟਿੰਗ ਵਿੱਚ ਨੈਸ਼ਨਲ ਟੈਸਟ ਹਾਊਸ (ਐਨ.ਟੀ.ਐਚ) ਕੇਡਰ ਦੇ ਪੁਨਰਗਠਨ ਅਤੇ ਵਿਸ਼ਵ ਪੱਧਰੀ

ਮਾਪਦੰਡਾਂ ਨੂੰ ਪੂਰਾ ਕਰਨ ਲਈ ਇਸਦੀਆਂ ਟੈਸਟਿੰਗ ਸਹੂਲਤਾਂ ਨੂੰ ਮਜ਼ਬੂਤ ਕਰਨ ਬਾਰੇ ਚਰਚਾ ਕੀਤੀ ਗਈ।

---------------------------------------------------------------

UIDAI ਦੇ ਆਧਾਰ ਐਪ ਨੇ 5 ਕਰੋੜ ਡਾਊਨਲੋਡ ਦੇ ਅੰਕੜੇ ਨੂੰ ਪਾਰ ਕਰ ਲਿਆ ਏ। ਇਹ ਪ੍ਰਾਪਤੀ ਲੋਕਾਂ ਵਿੱਚ ਡਿਜੀਟਲ ਸਾਧਨਾਂ ਦੀ ਸਹੂਲਤ ਅਤੇ ਵਧਦੀ ਸਵੀਕ੍ਰਿਤੀ ਨੂੰ ਦਰਸਾਉਂਦੀ ਏ। ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰਾਲੇ ਮੁਤਾਬਿਕ ਇਸਦੀ ਵਰਤੋਂ ਇਸਦੀ ਸ਼ੁਰੂਆਤ ਤੋਂ ਬਾਅਦ ਇਕਸਾਰ ਅਤੇ ਮਜ਼ਬੂਤ ਰਹੀ ਏ। ਮੰਤਰਾਲੇ ਨੇ ਦੱਸਿਆ ਏ ਕਿ 6 ਲਖ ਤੋਂ ਵੱਧ ਲੋਕਾਂ ਨੇ ਆਧਾਰ ਐਪ ਦੀ ਵਰਤੋਂ ਕਰਕੇ ਆਪਣੇ ਮੋਬਾਈਲ ਨੰਬਰ ਅਪਡੇਟ ਕੀਤੇ, 15 ਲਖ ਤੋਂ ਵੱਧ ਪਤੇ, ਅਤੇ 23 ਲਖ ਤੋਂ ਵੱਧ ਈਮੇਲ ਅਪਡੇਟ ਕੀਤੇ ਗਏ।

---------------------------------------------------------------

ਹਾਕੀ ਵਿੱਚ, ਭਾਰਤੀ ਦੀ ਔਰਤਾਂ ਦੀ ਹਾਕੀ ਟੀਮ ਦਾ ਅੱਜ ਐਮਸਟਲਵੀਨ ਦੇ ਵੈਗਨਰ ਸਟੇਡੀਅਮ ਵਿੱਚ FIH ਹਾਕੀ ਵਿਸ਼ਵ ਕੱਪ ਦੇ ਆਪਣੇ ਆਖਰੀ ਪੂਲ ਡੀ ਮੈਚ ਵਿੱਚ ਇੰਗਲੈਂਡ ਨਾਲ ਮੁਕਾਬਲਾ ਜਾਰੀ ਏ. ਆਖਰੀ ਖਬਰਾਂ ਮਿਲਣ ਸਮੇਂ ਤੱਕ ਦੋਵੇਂ ਟੀਮਾਂ 0-0 ਨਾਲ ਬਰਾਬਰੀ ‘ਤੇ ਸਨ |

---------------------------------------------------------------

- ਸੁਪਰੀਮ ਕੋਰਟ ਵਲੋਂ, ਜੰਤਰ – ਮੰਤਰ ਮੁਜ਼ਾਹਰਿਆਂ ‘ਚ ਪੁਲਿਸ ਅਤੇ ਸੁਰੱਖਿਆ ਮੁਲਾਜ਼ਮਾਂ ਵਲੋਂ ਜ਼ਰੂਰਤ ਤੋਂ ਜ਼ਿਆਦਾ ਤਾਕਤ ਦੀ ਵਰਤੋਂ ਅਤੇ ਪੁਲਿਸ ਮੁਲਾਜ਼ਮਾਂ ਵਿਰੁੱਧ ਹਿੰਸਾ ਦੇ ਇਲਜ਼ਾਮਾਂ ਦੀ

ਜਾਂਚ ਲਈ ਪੰਜ ਮੈਂਬਰੀ ਉੱਚ-ਅਧਿਕਾਰ ਪ੍ਰਾਪਤ ਜਾਂਚ ਕਮੇਟੀ ਦਾ ਗਠਨ ਕੀਤਾ ਏ।

- ਭਾਰਤ ਅਤੇ ਜਾਪਾਨ ਵਿਚਕਾਰ ਰੱਖਿਆ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨ ਲਈ ਸਹਿਮਤੀ। ਸਮੁੰਦਰੀ ਸੁਰੱਖਿਆ ਸਹਿਯੋਗ 'ਤੇ ਇੱਕ ਸਮਝੌਤਾ ਪੱਤਰ 'ਤੇ ਦਸਤਖਤ।

- ਸਰਕਾਰ ਨੇ ਅੱਜ ਦਿੱਲੀ ਮਾਸਟਰ ਪਲਾਨ 2047 ਜਾਰੀ ਕੀਤਾ।

- ਬੰਗਲਾਦੇਸ਼ ਨੈਸ਼ਨਲਿਸਟ ਪਾਰਟੀ (ਬੀਪੀਐਨ) ਦੇ ਸੀਨੀਅਰ ਨੇਤਾ, ਮਿਰਜ਼ਾ ਫਖਰੂਲ ਇਸਲਾਮ ਆਲਮਗੀਰ ਨੂੰ ਅੱਜ ਦੇਸ਼ ਦਾ 23ਵਾਂ ਰਾਸ਼ਟਰਪਤੀ ਚੁਣਿਆ ਗਿਆ.

- UIDAI ਦੇ ਆਧਾਰ ਐਪ ਨੇ 5 ਕਰੋੜ ਡਾਊਨਲੋਡ ਦੇ ਅੰਕੜੇ ਨੂੰ ਪਾਰ ਕੀਤਾ।

---------------------------------------------------

**ਇਸਦੇ ਨਾਲ ਹੀ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇਸਵੇਰੇਸਾਢੇ8ਵਜੇ ਨਮਸਕਾਰ!**